FOR IMMEDIATE RELEASE CITY OF SURREY
MEDIA RELEASE

# ਸਿਟੀ ਆਫ਼ ਸਰੀ, ਗੈਰ-ਕਾਨੂੰਨੀ ਉਸਾਰੀ ਪ੍ਰੋਪਰਟੀ ਦੇ ਟਾਈਟਲ 'ਤੇ ਨੋਟਿਸ ਦਾਇਰ ਕਰੇਗਾ

ਤੁਰੰਤ ਰਿਲੀਜ਼: ਦਸੰਬਰ 09, 2024

**ਸਰੀ, ਬੀਸੀ** - ਸਰੀ ਸਿਟੀ ਕੌਂਸਲ ਨੇ ਸਟਾਫ ਨੂੰ 5858 -140 ਸਟ੍ਰੀਟ ਅਤੇ 16653 - 31ਬੀ ਐਵੇਨਿਊ 'ਤੇ ਪੈਂਦੀਆਂ ਦੋ ਪ੍ਰੋਪੇਰਟੀਜ਼, ਜਿੱਥੇ ਮਾਲਕਾਂ ਨੇ ਬਿਨਾਂ ਪਰਮਿਟ ਅਤੇ ਸਿਟੀ ਦੇ ਬਿਲਡਿੰਗ ਬਾਈਲਾਜ਼ ਦੀ ਉਲੰਘਣਾ ਕਰਦੇ ਹੋਏ ਗੈਰ-ਕਾਨੂੰਨੀ ਤੌਰ 'ਤੇ ਇਮਾਰਤਾਂ ਦਾ ਨਿਰਮਾਣ ਕੀਤਾ ਹੈ, ਦੇ ਟਾਈਟਲਜ਼ 'ਤੇ ਨੋਟਿਸ ਦਾਇਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਮੇਅਰ ਬਰੈਂਡਾ ਲੌਕ ਨੇ ਕਿਹਾ, "ਸਰੀ ਸਿਟੀ ਕਾਉਂਸਿਲ ਦਾ ਅੱਜ ਦਾ ਫੈਸਲਾ ਉਸ ਗੈਰ-ਕਾਨੂੰਨੀ ਉਸਾਰੀ ਨੂੰ ਰੋਕਣ ਲਈ ਸਾਡੀ ਨਿਰੰਤਰ ਵਚਨਬੱਧਤਾ ਦੀ ਪੁਸ਼ਟੀ ਕਰਦਾ ਹੈ, ਜੋ ਸਾਡੇ ਭਾਈਚਾਰੇ ਦੀ ਸੁਰੱਖਿਆ ਨੂੰ ਖਤਰੇ ਵਿੱਚ ਪਾਉਂਦੇ ਹਨ।" "ਇਨ੍ਹਾਂ ਪ੍ਰੋਪੇਰਟੀਜ਼ ਦੇ ਵਿਰੁੱਧ ਕਾਰਵਾਈ ਕਰਕੇ, ਅਸੀਂ ਨਾ ਸਿਰਫ਼ ਆਪਣੇ ਸ਼ਹਿਰ ਦੀ ਸ਼ਾਖ ਸੁਧਾਰ ਰਹੇ ਹਾਂ, ਸਗੋਂ ਸਾਡੇ ਵਸਨੀਕਾਂ ਦੀ ਵੀ ਰੱਖਿਆ ਕਰਦੇ ਹਾਂ। ਮੈਂ ਦੱਸਣਾਂ ਚਹੁੰਦੀ ਹਾਂ ਕਿ, ਸਾਡੀ ਇੱਲ-ਲੀਗਲ ਕੌਂਸਟ੍ਰਕਸ਼ਨ ਇਨਫੋਰਸਮੈਂਟ ਟੀਮ ਗੈਰ -ਕਾਨੂੰਨੀ ਉਸਾਰੀ ਨੂੰ ਨੱਥ ਪਾਉਣ ਲਈ ਲੋੜੀਂਦੇ ਪਰਮਿਟ ਦੇਣ ਅਤੇ ਸੇਫ਼ਟੀ ਰੈਗੁਲੈਸ਼ਨਸ ਅਕਾਉਂਟੈਬਲ ਬਣਾਉਣ ਲਈ ਹਰ ਸੰਭਵ ਕੋਸ਼ਿਸ ਕਰ ਰਹੀ ਹੈ।"

ਇਨ੍ਹਾਂ ਪ੍ਰੋਪਰਟੀਜ਼ ਦੇ ਟਾਈਟਲਾਂ 'ਤੇ ਨੋਟਿਸ 9 ਦਸੰਬਰ, 2024 ਨੂੰ ਹੋਈ ਇੱਕ ਵਿਸ਼ੇਸ਼ ਕੌਂਸਲ ਦੀ ਮੀਟਿੰਗ ਦਾ ਨਤੀਜਾ ਹੈ, ਜਿੱਥੇ ਸਰੀ ਸਿਟੀ ਕੌਂਸਲ ਨੇ ਸੰਪਤੀਆਂ ਦੇ ਸਿਰਲੇਖਾਂ 'ਤੇ ਨੋਟਿਸ ਦਾਇਰ ਕਰਨ ਦੇ ਹੱਕ ਵਿੱਚ ਸਰਬਸੰਮਤੀ ਨਾਲ ਵੋਟ ਪਾਈ । ਨੋਟਿਸ ਸੰਭਾਵੀ ਖਰੀਦਦਾਰਾਂ ਨੂੰ ਕਰਜ਼ਾ ਅਤੇ ਇੰਸੋਰੈਂਸ ਦੇਣ ਵਾਲੀਆਂ ਸੰਸਥਾਵਾਂ ਨੂੰ, ਗੈਰ-ਕਾਨੂੰਨੀ ਉਸਾਰੀ ਅਤੇ ਪ੍ਰੋਪਰਟੀ ਨਾਲ ਜੁੜੇ ਸੰਭਾਵੀ ਖ਼ਤਰਿਆਂ ਬਾਰੇ ਸੁਚੇਤ ਕਰਨਗੇ।

ਕਮਿਊਨਿਟੀ ਚਾਰਟਰ ਦੇ ਸੈਕਸ਼ਨ 57 ਦੇ ਅਧੀਨ ਟਾਈਟਲ 'ਤੇ ਨੋਟਿਸ, ਇਕ ਸ਼ਹਿਰ ਦੁਆਰਾ ਸੰਭਾਵੀ ਖਰੀਦਦਾਰਾਂ ਸਮੇਤ, ਕਿਸੇ ਜਾਇਦਾਦ 'ਤੇ ਅਣਅਧਿਕਾਰਤ ਢਾਂਚਿਆਂ ਬਾਰੇ ਲੋਕਾਂ ਨੂੰ ਸੂਚਿਤ ਕਰਨ ਲਈ ਵਰਤਿਆ ਜਾਣ ਵਾਲਾ ਕਾਨੂੰਨੀ ਉਪਾਅ ਹੈ, ਜੋ ਜ਼ਰੂਰੀ ਬਿਲਡਿੰਗ ਪਰਮਿਟਾਂ ਜਾਂ ਜਾਂਚ-ਪੜਤਾਲ ਤੋਂ ਬਿਨਾਂ ਬਣਾਏ ਗਏ ਸਨ। ਇਹ ਕਈ ਉਦੇਸ਼ਾਂ ਦੀ ਪੂਰਤੀ ਕਰਦਾ ਹੈ, ਜਿਸ ਵਿੱਚ ਸ਼ਾਮਲ ਹਨ:

- **ਬਾਈਲਾਅ ਪਾਲਣਾ ਨੂੰ ਉਤਸ਼ਾਹਿਤ ਕਰਨਾ**: ਇਹ ਮਾਲਕਾਂ ਨੂੰ ਆਪਣੀ ਜਾਇਦਾਦ ਨੂੰ ਸਿਟੀ ਦੇ ਬਿਲਡਿੰਗ ਬਾਈਲਾਅ ਦੀ ਪਾਲਣਾ ਕਰਨ ਲਈ ਉਤਸ਼ਾਹਿਤ ਕਰਦਾ ਹੈ, ਇਹ ਯਕੀਨੀ ਬਣਾਉਣ ਲਈ ਕਿ ਘਰ ਘੱਟੋ-ਘੱਟ ਸਿਹਤ ਅਤੇ ਸੁਰੱਖਿਆ ਦੇ ਮਿਆਰ ਅਨੁਸਾਰ ਬਣਾਏ ਗਏ ਹਨ। ਕਾਨੂੰਨ ਮੁਤਾਬਕ ਪਾਲਣਾ ਪ੍ਰਾਪਤ ਹੋਣ 'ਤੇ ਨੋਟਿਸ ਜਾਇਦਾਦ ਤੋਂ ਹਟਾ ਦਿੱਤਾ ਜਾਵੇਗਾ।
- **ਪਾਰਦਰਸ਼ਤਾ ਅਤੇ ਜਾਗਰੂਕਤਾ**: ਇਹ ਅਣਅਧਿਕਾਰਤ ਉਸਾਰੀ, ਸੰਭਾਵੀ ਖਰੀਦਦਾਰਾਂ ਦੀ ਸੁਰੱਖਿਆ ਅਤੇ ਜਨਤਾ ਨੂੰ ਸੂਚਿਤ ਕਰਨ ਬਾਰੇ ਚੇਤਾਵਨੀ ਵਜੋਂ ਕੰਮ ਕਰਦਾ ਹੈ।
- **ਲਾਗੂ ਕਰਨਾ ਅਤੇ ਜਵਾਬਦੇਹ ਬਣਾਉਣਾ:** ਇਹ ਗੈਰ-ਕਾਨੂੰਨੀ ਉਸਾਰੀ ਗਤੀਵਿਧੀਆਂ ਲਈ ਜਾਇਦਾਦ ਮਾਲਕਾਂ ਨੂੰ ਜਵਾਬਦੇਹ ਬਣਾ ਕੇ ਇਸਦੇ ਬਿਲਡਿੰਗ ਉਪ-ਨਿਯਮਾਂ ਨੂੰ ਲਾਗੂ ਕਰਨ ਲਈ, ਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਾ ਹੈ।

ਸਿਟੀ ਆਫ਼ ਸਰੀ ਨੇ ਗੈਰ-ਕਾਨੂੰਨੀ ਉਸਾਰੀ ਨਾਲ ਨਜਿੱਠਣ ਲਈ 2022 ਵਿੱਚ ਟੀਮ ਗਠਿਤ ਕੀਤੀ ਸੀ, ਤਾਂ ਜੋ ਸਿਟੀ ਦੇ ਬਾਈਲਾਅ ਨੂੰ ਲਾਗੂ ਕਰਨ ਅਤੇ ਰਿਹਾਇਸ਼ੀ ਉਸਾਰੀ ਜੋ ਬਿਨਾਂ ਪਰਮਿਟ, ਨਿਰੀਖਣ, ਜਾਂ ਸੁਰੱਖਿਆ ਮਾਪਦੰਡਾਂ ਦੇ ਕੀਤੀ ਜਾ ਰਹੀ ਹੈ, ਨੂੰ ਰੋਕਿਆ ਜਾ ਸਕੇ। ਸਿਟੀ ਨੇ ਗੈਰ-ਕਾਨੂੰਨੀ ਬਿਲਡਿੰਗ ਗਤੀਵਿਧੀਆਂ ਲਈ ਜੁਰਮਾਨੇ ਵੀ ਵਧਾ ਦਿੱਤੇ ਹਨ ਅਤੇ ਅਦਾਲਤੀ ਕਾਰਵਾਈ ਰਾਹੀਂ ਲਾਗੂ ਕਰਨ ਦੀ ਕੋਸ਼ਿਸ ਕੀਤੀ ਜਾ ਰਹੀ ਹੈ।

ਜੇ ਤੁਹਾਨੂੰ ਕਿਸੇ ਪ੍ਰੋਪਰਟੀ ਤੇ ਸ਼ੱਕ ਹੈ ਕਿ ਬਿਨਾਂ ਪਰਮਿਟ ਦੇ ਉਸਾਰੀ ਕੀਤੀ ਗਈ ਹੈ, ਬਾਰੇ ਸ਼ਿਕਾਇਤ bylawcomplaint@surrey.ca 'ਤੇ ਈਮੇਲ ਕਰਕੇ ਜਾਂ 604-591-4370 'ਤੇ ਕਾਲ ਕਰਕੇ ਕਰੋ। ਤੁਸੀਂ ਸ਼ਿਕਾਇਤ ਔਨਲਾਈਨ ਇਸ ਲਿੰਕ ਤੇ ਜਾ ਕੇ ਵੀ ਕਰ ਸਕਦੇ ਹੋ।

-30-

**ਮੀਡੀਆ ਇਨਕੁਆਰੀ :**

ਪ੍ਰਭਜੋਤ ਕਾਹਲੋਂ

ਮਲਟੀਕਲਚਰਲ ਮੀਡੀਆ ਰੀਲੈਸ਼ਨ ਲੀਡ

ਸਿਟੀ ਆਫ ਸਰੀ

prabhjot.kahlon@surrey.ca
C :236-878-6263